# ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਈ-ਬਲਾਕ, ਚੌਥੀ ਮੰਜ਼ਿਲ, ਫੇਜ਼-8, ਸ.ਅ.ਸ. ਨਗਰ

ਵੱਲ,

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ),
ਪੰਜਾਬ ਰਾਜ ਵਿੱਚ।

ਮੀਮੋ ਨੰ. 15/24-2020 ਕੋ/2024।269
ਮਿਤੀ: 01/01/2024

**ਵਿਸ਼ਾ:-** **ਸਾਇੰਸ ਅਤੇ ਹਿਸਾਬ ਵਿਸ਼ਿਆਂ ਦੇ ਅਧਿਆਪਕਾਂ ਨੂੰ ਵੱਖ-ਵੱਖ ਫੰਡਾਂ ਦਾ ਇੰਚਾਰਜ ਨਾ ਬਣਾਉਣ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਦਫਤਰ ਦੇ ਧਿਆਨ ਵਿੱਚ ਆਇਆ ਹੈ ਕਿ ਵਿਭਾਗ ਦੇ ਸਕੂਲਾਂ ਵਿੱਚ ਤਾਇਨਾਤ ਸਾਇੰਸ ਅਤੇ ਹਿਸਾਬ ਵਿਸ਼ਿਆਂ ਦੇ ਅਧਿਆਪਕਾਂ ਨੂੰ ਸਕੂਲਾਂ ਵਿੱਚ ਵੱਖ-ਵੱਖ ਫੰਡਾਂ, ਜਿਵੇਂ ਕਿ ਅਮਲਗਾਮੇਟਿਡ ਫੰਡ, ਸਪੋਰਟਸ ਫੰਡ, ਸਮੱਗਰਾ ਸਿੱਖਿਆ ਫੰਡ ਆਦਿ ਦਾ ਇੰਚਾਰਜ ਬਣਾ ਦਿੱਤਾ ਜਾਂਦਾ ਹੈ ਜਿਸ ਕਾਰਣ ਵਿਦਿਆਰਥੀਆਂ ਦੀ ਪੜ੍ਹਾਈ ਤੇ ਬੁਰਾ ਪ੍ਰਭਾਵ ਪੈਂਦਾ ਹੈ।

2.0 ਕਿਉਂ ਜੋ ਸਾਇੰਸ ਅਤੇ ਹਿਸਾਬ ਅਜਿਹੇ ਵਿਸ਼ੇ ਹਨ ਜੋ ਕਿ ਅਧਿਆਪਕਾਂ ਦੇ ਨਿਰੰਤਰ ਅਤੇ ਲਗਾਤਾਰ ਧਿਆਨ ਦੀ ਮੰਗ ਕਰਦੇ ਹਨ ਅਤੇ ਇਹਨਾਂ ਵਿਸ਼ਿਆਂ ਵਿੱਚ ਪ੍ਰੈਕਟੀਕਲ ਕ੍ਰਿਆਵਾਂ ਅਤੇ ਐਕਸਪੈਰੀਮੈਂਟ (experiment) ਵੀ ਸ਼ਾਮਿਲ ਹੁੰਦੇ ਹਨ। ਇਸ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਸਾਇੰਸ ਅਤੇ ਹਿਸਾਬ ਵਿਸ਼ੇ ਦੇ ਅਧਿਆਪਕਾਂ ਨੂੰ ਉਹਨਾਂ ਦੇ ਆਪਣੇ ਵਿਸ਼ੇ ਨਾਲ ਸਬੰਧਤ ਫੰਡ ਤੋਂ ਬਿਨਾਂ ਕਿਸੇ ਵੀ ਹੋਰ ਫੰਡ, ਜਿਵੇਂ ਕਿ ਅਮਲਗਾਮੇਟਿਡ ਫੰਡ, ਸਪੋਰਟਸ ਫੰਡ, ਸਮੱਗਰਾ ਸਿੱਖਿਆ ਫੰਡ ਆਦਿ ਦਾ ਇੰਚਾਰਜ ਨਾ ਬਣਾਇਆ ਜਾਵੇ ਤਾਂ ਜੋ ਸਾਇੰਸ ਅਤੇ ਹਿਸਾਬ ਵਿਸ਼ਾ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਹਰਜਾ ਨਾ ਹੋਵੇ।

ਇਹਨਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ

ਪਿੱਠ ਅੰਕਣ ਨੰ. ਉਕਤ /2024।270-73 ਮਿਤੀ, ਸਅਸ ਨਗਰ: 01/01/2024

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਨਿੱਜੀ ਸਕੱਤਰ/ ਮਾਨਯੋਗ ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਪੀ.ਏ./ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
4. ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।

ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ